/

**ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ.ਏ.ਐਸ ਨਗਰ।**
**ਐਟ ਪੰ.ਸ.ਸਿੱ ਬੋਰਡ ਕੰਪਲੈਕਸ, ਫੇਜ-VIII, ਐਸ.ਏ.ਐਸ ਨਗਰ**
**(ਪਬਲਿਕ ਨੋਟਿਸ)**

**ਮੀਮੋ ਨੰਃ ਟਰਾਂਸਫਰ ਸੈੱਲ/ਬਦਲੀਆਂ/2026666102/1/**2441 **ਮਿਤੀਃਐਸ.ਏ.ਐਸ ਨਗਰਃ 23.09.2026**

1.0 ਪੰਜਾਬ ਸਰਕਾਰ ਸਿੱਖਿਆ ਵਿਭਾਗ ਦੇ ਪੱਤਰ ਨੰਃ 11/35/2018-1Edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teacher Transfer Policy 2019 ਜਾਰੀ ਕੀਤੀ ਗਈ ਅਤੇ ਉਸ ਉਪਰੰਤ ਸਮੇਂ-2 ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ।

2.0 ਸਿੱਖਿਆ ਵਿਭਾਗ ਵੱਲੋਂ ਜਾਰੀ ਅਧਿਸੂਚਨਾ SED-EDU6021/2/2023-1ਸਿ6/30, ਮਿਤੀ 26.02.2024 ਰਾਹੀਂ Exempted Category ਅਧੀਨ ਕਵਰ ਹੋਣ ਵਾਲੇ ਪ੍ਰਾਇਮਰੀ ਵਿੰਗ ਨਾਲ ਸਬੰਧਤ ਅਧਿਆਪਕ (ਈਟੀਟੀ, ਹੈੱਡ ਟੀਚਰ ਅਤੇ ਸੈਂਟਰ ਹੈੱਡ ਟੀਚਰ) ਨੂੰ ਬਦਲੀ ਲਈ ਮੌਕਾ ਦਿੱਤਾ ਜਾਂਦਾ ਹੈ। ਜੋ ਅਧਿਆਪਕ ਪਾਲਿਸੀ ਅਨੁਸਾਰ Exempted Category ਅਧੀਨ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ, ਉਹ ਆਪਣੇ ਵੇਰਵੇ ਜਿਵੇਂ ਕਿ General Details, Results, Serivce Record ਮਿਤੀ 23.09.2026 ਤੋਂ 30.09.2026 ਤੱਕ epunjabschoolportal ਤੇ ਆਪਣੇ employee login Id ਤੇ login ਕਰਕੇ ਭਰ ਸਕਦੇ ਹਨ। ਵੇਰਵੇ ਕੇਵਲ Online ਹੀ ਭਰੇ ਜਾ ਸਕਦੇ ਹਨ।

3.0 ਉਕਤ ਅਨੁਸਾਰ ਅਪਲਾਈ ਕਰਨ ਸਮੇਂ ਅਧਿਆਪਕ ਆਪਣੀ ਕੈਟਾਗਰੀ ਸਬੰਧੀ ਦਸਤਾਵੇਜ ਨਾਲ ਨੱਥੀ ਕਰਨਗੇ। ਦਸਤਾਵੇਜ ਨੱਥੀ ਨਾ ਕਰਨ ਦੀ ਸੂਰਤ ਵਿੱਚ ਉਨਾਂ ਦੀ ਬੇਨਤੀ ਨੂੰ ਵਿਚਾਰਿਆ ਨਹੀਂ ਜਾਵੇਗਾ। Exempted Category ਦੇ ਸਰਟੀਫਿਕੇਟ/ਦਸਤਾਵੇਜ ਧਿਆਨਪੂਰਵਕ ਅਪਲੋਡ ਕੀਤੇ ਜਾਣ ਅਤੇ ਸਰਟੀਫਿਕੇਟ ਅਪਲੋਡ ਕਰਨ ਤੋਂ ਬਾਅਦ ਇੱਕ ਵਾਰ ਡਾਊਨਲੋਡ ਕਰਕੇ ਚੈੱਕ ਕੀਤਾ ਜਾਵੇ, ਜੇਕਰ ਸਰਟੀਫਿਕੇਟ ਡਾਊਨਲੋਡ ਨਹੀਂ ਹੁੰਦਾ ਤਾਂ ਦੂਜੀ ਵਾਰ ਸਹੀ ਤਰੀਕੇ ਨਾਲ ਸਰਟੀਫਿਕੇਟ/ਦਸਤਾਵੇਜ ਅਪਲੋਡ ਕੀਤਾ ਜਾਵੇ। ਇਸ ਸਬੰਧੀ ਬਦਲੀ ਲਈ ਬੇਨਤੀਆਂ ਕੇਵਲ Online ਹੀ ਵਿਚਾਰੀਆਂ ਜਾਣਗੀਆਂ, ਆਫਲਾਈਨ ਵਿਧੀ ਰਾਹੀਂ ਪ੍ਰਾਪਤ ਪ੍ਰਤੀਬੇਨਤੀਆਂ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ।

4.0 ਦਰਖਾਸਤਕਰਤਾਵਾਂ ਵੱਲੋਂ ਆਪਣੀ ਪ੍ਰਤੀਬੇਨਤੀਆਂ ਸਬੰਧੀ ਵੱਖ-2 Modules ਭਰੇ ਜਾਣੇ ਹਨ, ਜੋਕਿ ਹੇਠ ਲਿਖੇ ਅਨੁਸਾਰ ਹਨਃ-

i) Update General Details

ii) Update Results

iii) Update Service Record

ਉਪਰੋਕਤ modules ਵਿੱਚ ਮੁਕੰਮਲ ਵੇਰਵੇ ਭਰਨ ਉਪਰੰਤ Approve Data ਦਾ Button ਕਲਿਕ ਕੀਤਾ ਜਾਣਾ ਹੈ।

5.0 ਪ੍ਰਾਇਮਰੀ ਵਿੰਗ ਨਾਲ ਸਬੰਧਤ ਅਧਿਆਪਕ (ਈਟੀਟੀ, ਹੈੱਡ ਟੀਚਰ ਅਤੇ ਸੈਂਟਰ ਹੈੱਡ ਟੀਚਰ) ਜਿਨ੍ਹਾਂ ਨੇ ਵੱਖ-2 ਜੋਨਾਂ ਵਿੱਚ ਸੇਵਾ ਕੀਤੀ ਹੈ, ਉਹ ਡਾਟਾ Approve ਕਰਨ ਤੋਂ ਪਹਿਲਾਂ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਣ ਕਿ ਉਨਾਂ ਵੱਲੋਂ ਵੱਖ-2 ਜੋਨਾਂ ਵਿੱਚ ਕੀਤੀ ਸੇਵਾ ਅਤੇ ਸਿੱਖਿਆ ਵਿਭਾਗ ਵਿੱਚ ਕੀਤੀ ਗਈ ਕੁੱਲ ਸੇਵਾ ਦੇ ਸਮੇਂ ਵਿੱਚ ਅੰਤਰ ਨਹੀਂ ਹੋਣਾ ਚਾਹੀਦਾ। ਜੇਕਰ ਕਿਸੇ ਕਾਰਨ ਅੰਤਰ ਹੈ ਤਾਂ ਉਹ ਉਸ ਸਬੰਧੀ Remarks ਦੇਣਗੇ। Remarks ਵਿੱਚ ਠੋਸ ਕਾਰਨ ਨਾ ਹੋਣ ਦੀ ਸੂਰਤ ਵਿੱਚ ਸਬੰਧਤ ਨੂੰ ਬਦਲੀ ਲਈ ਨਹੀਂ ਵਿਚਾਰਿਆ ਜਾਵੇਗਾ।

6.0 ਬਦਲੀ ਸਬੰਧੀ ਦਰਖਾਸਤਾਂ ਵਿੱਚ ਭਰੇ ਗਏ ਡਾਟੇ ਨੂੰ Approve Data ਦਾ ਬਟਨ ਕਲਿੱਕ ਕਰਨ ਤੋਂ ਬਾਅਦ ਵੀ ਅੰਤਿਮ ਮਿਤੀ 30.09.2026 ਤੱਕ Data Editing ਜਿੰਨੀ ਵਾਰ ਮਰਜੀ ਕੀਤੀ ਜਾ ਸਕੇਗੀ। ਪਰੰਤੂ ਅੰਤਿਮ ਮਿਤੀ ਉਪਰੰਤ ਡਾਟਾ ਵਿੱਚ ਕੋਈ ਤਬਦੀਲੀ ਨਹੀਂ ਹੋ ਸਕੇਗੀ।

7.0 ਅਧੂਰੇ ਜਾਂ ਗਲਤ ਵੇਰਵੇ ਪਾਏ ਜਾਣ ਤੇ ਸਬੰਧਤ ਦੀ ਬਦਲੀ ਦੀ ਬੇਨਤੀ ਤੇ ਵਿਚਾਰ ਨਹੀਂ ਕੀਤਾ ਜਾਵੇਗਾ। Station Choice ਲੈਣ ਲਈ ਵੱਖਰੇ ਤੌਰ ਤੇ ਜਨਤਕ ਸੂਚਨਾ ਜਾਰੀ ਕੀਤੀ ਜਾਵੇਗੀ।

8.0 ਬਦਲੀਆਂ ਲਈ ਸਾਲ 2025-26 ਦੀ ਏ.ਸੀ.ਆਰ. ਵਿਚਾਰੀ ਜਾਵੇਗੀ। ਜੇਕਰ ਕਿਸੇ ਖਾਸ ਕਾਰਨ ਕਰਕੇ ਸਾਲ 2025-26 ਦੀ ਏ.ਸੀ.ਆਰ ਨਹੀਂ ਲਿਖੀ ਗਈ ਤਾਂ ਉਸ ਤੋਂ ਪਿਛਲੇ ਸਾਲ ਦੀ ਏ.ਸੀ.ਆਰ ਦੇ ਨੰਬਰ ਭਰੇ ਜਾਣ।

9.0 ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨਲਾਈਨ ਬੇਨਤੀ ਕਰਨ ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ Epunjabschoolportal ਤੇ ਉਪਲਭਧ ਹੈ।

Sabjit Singh

ਸਹਾਇਕ ਡਾਇਰੈਕਟਰ (ਅਮਲਾ-1)